# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
## ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)।
2. ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)।

ਮੀਮੋ ਨੰ:ਸਸਅ/ਐਮਸੀ/2011/17358-373
ਮਿਤੀ,ਚੰਡੀਗੜ੍ਹ 03-03-2011

ਵਿਸ਼ਾ :- ਅੱਠਵੀਂ ਜਮਾਤ ਦੇ ਰੀ-ਅਪੀਅਰ ਦੇ ਵਿਦਿਆਰਥੀਆਂ ਦੀ ਨੌਵੀਂ ਜਮਾਤ ਦੀ ਦੂਜੇ ਸਮੈਸਟਰ ਦੀ ਫਾਈਨਲ ਪ੍ਰੀਖਿਆ ਦੇਣ ਸਬੰਧੀ।

ਹਵਾਲਾ :- ਇਸ ਦਫ਼ਤਰ ਦੇ ਪੱਤਰ ਨੰ: ਸਸਅ/ਐਮਸੀ/2011/16750-16770 ਮਿਤੀ,ਚੰਡੀਗੜ੍ਹ 21-02-2011 ਦੀ ਲਗਾਤਾਰਤਾ ਵਿੱਚ।

1.0 ਉਪਰੋਕਤ ਹਵਾਲਾ ਅਧੀਨ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੀ ਹੈ ਕਿ ਸਕੂਲ ਸਿੱਖਿਆ ਵਿਭਾਗ, ਪੰਜਾਬ ਵੱਲੋਂ ਛੇਵੀਂ ਤੋਂ ਅੱਠਵੀਂ ਜਮਾਤਾਂ ਤੱਕ ਦੀ ਸਲਾਨਾ ਪ੍ਰੀਖਿਆ ਅਤੇ ਨੌਵੀਂ ਜਮਾਤ ਦੀ ਦੂਸਰੇ ਸਮੈਸਟਰ ਦੀ ਫਾਈਨਲ ਪ੍ਰੀਖਿਆ ਮਿਤੀ 09-03-2011 ਤੋਂ 21-03-2011 ਤੱਕ ਲਈ ਜਾ ਰਹੀ ਹੈ। ਇਸ ਦਫ਼ਤਰ ਦੇ ਧਿਆਨ ਵਿੱਚ ਆਇਆ ਹੈ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸੈਸ਼ਨ 2009-10 ਦੇ ਅੱਠਵੀਂ ਜਮਾਤ ਦੇ ਰੀ-ਅਪੀਅਰ ਵਾਲੇ ਵਿਦਿਆਰਥੀਆਂ ਦੀ ਸਲਾਨਾ ਪ੍ਰੀਖਿਆ ਮਿਤੀ 11-03-2011 ਤੋਂ 19-03-2011 ਤੱਕ ਲਈ ਜਾ ਰਹੀ ਹੈ।

3.0 ਇਸ ਨੂੰ ਮੱਦੇਨਜ਼ਰ ਰੱਖਦਿਆਂ ਹੋਇਆਂ ਆਪ ਨੂੰ ਲਿਖਿਆ ਜਾਂਦਾ ਹੈ ਸਬੰਧਤ ਸਕੂਲ ਮੁੱਖੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਨੌਵੀਂ ਜਮਾਤ ਵਿੱਚ ਪੜ੍ਹਦੇ ਉਨ੍ਹਾਂ ਵਿਦਿਆਰਥੀਆਂ, ਜਿਨ੍ਹਾਂ ਦੀ ਅੱਠਵੀਂ ਜਮਾਤ ਦੀ ਰੀ-ਅਪੀਅਰ ਦੀ ਪ੍ਰੀਖਿਆ ਹੋਣੀ ਹੈ, ਉਨ੍ਹਾਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਡੇਟਸ਼ੀਟ ਮੁਤਾਬਿਕ ਰੀ-ਅਪੀਅਰ ਦੀ ਪ੍ਰੀਖਿਆ ਦੇਣ ਦੀ ਆਗਿਆ ਦਿੱਤੀ ਜਾਵੇ ਅਤੇ ਬਾਅਦ ਵਿੱਚ ਨੌਵੀਂ ਜਮਾਤ ਦੀ ਦੂਜੇ ਸਮੈਸਟਰ ਦੀ ਫਾਈਨਲ ਪ੍ਰੀਖਿਆ ਲਈ (ਕੇਵਲ ਰੀ-ਅਪੀਅਰ ਵਾਲੇ ਵਿਦਿਆਰਥੀਆਂ ਦੇ ) ਪੇਪਰ ਵੱਖਰੇ ਤੌਰ ਤੇ ਮਿਤੀ 22,24 ਅਤੇ 25 ਮਾਰਚ ਨੂੰ ਸਕੂਲ ਮੁੱਖੀ ਆਪਣੇ ਪੱਧਰ ਤੇ ਪੇਪਰ ਸੈਂਟ ਕਰਕੇ ਲੈ ਲਈ ਜਾਵੇ।

3.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ,ਚੰਡੀਗੜ੍ਹ